**Vigilance Bureau Punjab**

**Vigilance nabs ASI for taking bribe**

Chandigarh, December 5: State Vigilance Bureau, today nabbed an Assistant Sub Inspector (ASI) posted as investigation Officer Lehra Police station, Sangrur district red handed while accepting bribe of Rs 28,000.

Disclosing this here an official spokesperson of the Vigilance Bureau said ASI Billu Singh was nabbed red handed on the complaint of Harmesh of village Nanri in Fatehbad (Haryana). The complainant has approached the VB and alleged that the accused ASI was demanding Rs 1,50,000 for not registering case under NDPS act against him and the deal was struck at Rs. 80,000 and he had already paid 20,000 as a first instalment to him.

After verifying his information, the vigilance team laid a trap and the accused ASI was arrested on the spot taking bribe of Rs. 28,000 of second instalment from the complainant in the presence of two official witnesses.

He informed that a case under Prevention of Corruption Act has been registered against the accused at VB police station Patiala and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 5 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਲਹਿਰਾ, ਸੰਗਰੂਰ ਜਿਲ੍ਹਾ ਵਿਖੇ ਤਾਇਨਾਤ ਏ.ਐਸ.ਆਈ. ਬਿੱਲੂ ਸਿੰਘ ਨੂੰ 28,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਹਰਮੇਸ਼ ਵਾਸੀ ਪਿੰਡ ਨੰਨੇੜੀ, ਜਿਲ੍ਹਾ ਫਤਿਆਬਾਦ (ਹਰਿਆਣਾ) ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਉਸ ਵਿਰੁੱਧ ਐਨ.ਡੀ.ਪੀ.ਐਸ ਐਕਟ ਅਧੀਨ ਮੁਕੱਦਮਾ ਨਾ ਦਰਜ ਕਰਨ ਬਦਲੇ 1,50,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 80,000 ਰੁਪਏ ਵਿਚ ਤੈਅ ਹੋਇਆ ਹੈ ਜਿਸ ਉਪਰੰਤ ਉਸ ਵਲੋਂ ਉਕਤ ਏ.ਐਸ.ਆਈ ਨੂੰ 20,000 ਰੁਪਏ ਪਹਿਲੀ ਕਿਸ਼ਤ ਵਜੋ ਪਹਿਲਾਂ ਹੀ ਅਦਾ ਕੀਤੇ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸ਼ਤ ਦੇ 28,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----